15 ਵੀਂ ਵਿਧਾਨ ਸਭਾ
16ਵਾਂ (ਵਿਸ਼ੇਸ਼) ਸਮਾਗਮ

ਪੰਜਾਬ ਵਿਧਾਨ ਸਭਾ ਸਕੱਤਰੇਤ
(ਵਿਧਾਨ ਸ਼ਾਖਾ)
ਨੰ: 16-ਐਲ ਏ-2021/ 20270

ਮਾਨਯੋਗ ਉਪ ਮੁੱਖ ਮੰਤਰੀ ਦੁਆਰਾ ਨੋਟਿਸ ਪ੍ਰਾਪਤ ਹੋਇਆ ਹੈ ਕਿ ਨਿਮਨਲਿਖਤ ਮਤਾ ਪੰਜਾਬ ਵਿਧਾਨ ਸਭਾ ਦੇ 16ਵੇਂ (ਵਿਸ਼ੇਸ਼) ਸਮਾਗਮ ਦੌਰਾਨ ਪੇਸ਼ ਕੀਤਾ ਜਾਵੇਗਾ ਕਿ:-

"ਪੰਜਾਬ ਸ਼ਹੀਦਾਂ ਅਤੇ ਸੂਰਬੀਰਾਂ ਦੀ ਧਰਤੀ ਹੈ। ਦੇਸ਼ ਦੀ ਅਜ਼ਾਦੀ ਦੀ ਜੰਗ ਵਿੱਚ ਅਤੇ ਉਸ ਤੋਂ ਬਾਅਦ 1962, 1965, 1971 ਅਤੇ 1999 ਦੀਆਂ ਜੰਗਾਂ ਵਿੱਚ ਪੰਜਾਬੀਆਂ ਨੇ ਬੇਮਿਸਾਲ ਕੁਰਬਾਨੀਆਂ ਦਿੱਤੀਆਂ ਹਨ। ਦੇਸ਼ ਵਿੱਚ ਸਭ ਤੋਂ ਵੱਧ **"Gallantry Awards"** ਪੰਜਾਬੀਆਂ ਨੂੰ ਮਿਲੇ ਹਨ। ਪੰਜਾਬ ਪੁਲਿਸ ਦੁਨੀਆਂ ਵਿੱਚ ਅਜਿਹੀ ਬੇਮਿਸਾਲ ਦੇਸ਼ ਭਗਤ ਪੁਲਿਸ ਫੋਰਸ ਹੈ ਜਿਸਨੇ ਹਮੇਸ਼ਾ ਸਾਹਸ ਅਤੇ ਹੌਸਲੇ ਨਾਲ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਆਪਣਾ ਯੋਗਦਾਨ ਪਾਇਆ ਹੈ। ਭਾਰਤ ਦੇ ਸੰਵਿਧਾਨ ਅਨੁਸਾਰ ਕਾਨੂੰਨ ਵਿਵਸਥਾ ਬਣਾ ਕੇ ਰੱਖਣਾ ਰਾਜ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਪੰਜਾਬ ਸਰਕਾਰ ਇਸ ਮੰਤਵ ਲਈ ਪੂਰੀ ਤਰ੍ਹਾਂ ਸਮਰੱਥ ਹੈ। ਕੇਂਦਰ ਸਰਕਾਰ ਵੱਲੋਂ ਬੀ.ਐਸ.ਐਫ ਦਾ ਅਧਿਕਾਰ ਖੇਤਰ 15 ਕਿਲੋਮੀਟਰ ਤੋਂ ਵਧਾ ਕੇ 50 ਕਿਲੋਮੀਟਰ ਕਰਨ ਦਾ ਫੈਸਲਾ ਪੰਜਾਬ ਦੇ ਲੋਕਾਂ ਅਤੇ ਪੰਜਾਬ ਦੀ ਪੁਲਿਸ ਤੇ ਬੇਇਤਬਾਰੀ ਦਾ ਪ੍ਰਗਟਾਵਾ ਹੈ। ਇਹ ਉਨ੍ਹਾਂ ਦਾ ਅਪਮਾਨ ਵੀ ਹੈ। ਕੇਂਦਰ ਸਰਕਾਰ ਨੂੰ ਐਨਾ ਵੱਡਾ ਫ਼ੈਸਲਾ ਲੈਣ ਤੋਂ ਪਹਿਲਾਂ ਪੰਜਾਬ ਸਰਕਾਰ ਨਾਲ ਵਿਚਾਰ-ਵਟਾਂਦਰਾ ਕਰਨਾ ਚਾਹੀਦਾ ਸੀ। ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਮਜ਼ਬੂਤ ਹੈ ਅਤੇ ਬੀ.ਐਸ.ਐਫ ਦਾ ਅਧਿਕਾਰ ਖੇਤਰ ਵਧਾਉਣ ਦੀ ਕੋਈ ਲੋੜ ਨਹੀਂ ਹੈ। ਇਹ ਭਾਰਤੀ ਸੰਵਿਧਾਨ ਦੇ ਸੰਘੀ ਢਾਂਚੇ ਦੀ ਭਾਵਨਾ ਦੀ ਘੋਰ ਉਲੰਘਣਾ ਹੈ। **BSF** ਦਾ ਅਧਿਕਾਰ ਖੇਤਰ ਵਧਾਉਣਾ ਇੱਕ ਸੌੜੀ ਰਾਜਨੀਤੀ ਹੈ। ਪੰਜਾਬ ਦੀਆਂ ਸਾਰੀਆਂ ਰਾਜਨੀਤਿਕ ਪਾਰਟੀਆਂ ਨੇ ਸਰਬ-ਸੰਮਤੀ ਨਾਲ ਕੇਂਦਰ ਸਰਕਾਰ ਦੀ ਇਸ ਕਾਰਵਾਈ ਦੀ ਨਿਖੇਧੀ ਕੀਤੀ ਹੈ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਉਹ ਮਿਤੀ 11-10-2021 ਨੂੰ ਗ੍ਰਹਿ ਮੰਤਰਾਲੇ ਵੱਲੋਂ ਜਾਰੀ ਕੀਤੀ ਨੋਟੀਫਿਕੇਸ਼ਨ ਨੂੰ ਤੁਰੰਤ ਵਾਪਿਸ ਲਵੇ। ਇਸ ਲਈ, ਪੰਜਾਬ ਵਿਧਾਨ ਸਭਾ ਵੱਲੋਂ ਸਰਬ-ਸੰਮਤੀ ਨਾਲ ਇਸ ਸਬੰਧੀ ਕੇਂਦਰ ਸਰਕਾਰ ਦੀ ਨੋਟੀਫਿਕੇਸ਼ਨ ਨੂੰ ਰੱਦ ਕਰਨ ਸਬੰਧੀ ਮਤਾ ਪਾਸ ਕੀਤਾ ਗਿਆ।"

ਚੰਡੀਗੜ੍ਹ:
07 ਨਵੰਬਰ, 2021

ਸੁਰਿੰਦਰ ਪਾਲ,
ਸਕੱਤਰ।

ਸੇਵਾ ਵਿਚ

ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ।

---

ਨੰ: 16-ਐਲ ਏ-2021/ 20271, ਮਿਤੀ ਚੰਡੀਗੜ੍ਹ, 7 ਨਵੰਬਰ, 2021

ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ-

1. ਮੁੱਖ ਸਕੱਤਰ, ਪੰਜਾਬ ਸਰਕਾਰ, (ਚਾਰ ਵਾਧੂ ਕਾਪੀਆਂ ਸਮੇਤ);
2. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ, ਚੰਡੀਗੜ੍ਹ ; ਅਤੇ
3. ਪ੍ਰਮੁੱਖ ਸਕੱਤਰ (ਵਿਕਾਸ), ਪੰਜਾਬ ਸਰਕਾਰ, ਗ੍ਰਹਿ ਮਾਮਲੇ ਵਿਭਾਗ, ਚੰਡੀਗੜ੍ਹ।

ਵਧੀਕ ਸਕੱਤਰ,
ਵਾਸਤੇ ਸਕੱਤਰ।